**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ) ਪੰਜਾਬ, ਐਸ.ਏ.ਐਸ ਨਗਰ**

**(ਸੈਕੰਡਰੀ ਸਿੱਖਿਆ ਸ਼ਾਖਾ)**

ਸੇਵਾ ਵਿਖੇ

ਸਮੂਹ ਮੰਡਲ ਸਿੱਖਿਆ ਅਫਸਰ, ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ)(ਐ:ਸਿ)

ਸਮੂਹ ਸਕੂਲ ਮੁੱਖੀ/ ਸਮੂਹ ਅਧਿਆਪਕ

ਪੰਜਾਬ ਰਾਜ।

ਮੀਮੋ ਨੰ: 15/3-2015 ਸੈ:ਸਿ(2)

ਮਿਤੀ, ਐਸ.ਏ.ਐਸ ਨਗਰ: 01-09-2015

ਵਿਸ਼ਾ:- ਮਿਤੀ 01-09-15 ਤੋਂ 05-09-15 ਤੱਕ ਅਧਿਆਪਕ ਸਪਤਾਹ ਮਨਾਉਣ ਬਾਰੇ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਜਿਵੇਂ ਕਿ ਆਪ ਸਭ ਨੂੰ ਪਤਾ ਹੈ ਕਿ ਹਰੇਕ ਸਾਲ ਮਿਤੀ 5 ਸਤੰਬਰ ਨੂੰ ਪੂਰਵ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦੀ ਯਾਦ ਵਿੱਚ ਉਨ੍ਹਾਂ ਨੂੰ ਵਿਸ਼ੇਸ਼ ਸਨਮਾਨ ਦਿੰਦੇ ਹੋਏ ਰਾਜ ਪੱਧਰ ਤੇ ਅਧਿਆਪਕ ਦਿਵਸ ਮਨਾਇਆ ਜਾਂਦਾ ਹੈ। ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਅਧਿਆਪਕ ਸਪਤਾਹ ਮਿਤੀ 01-09-2015 ਤੋਂ 05-09-2015 ਦੌਰਾਨ ਸਵੇਰ ਦੀ ਸਭਾ ਵਿੱਚ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਵਿਚਾਰਾਂ ਬਾਰੇ ਚਰਚਾ ਕੀਤੀ ਜਾਵੇ ਅਤੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਜਾਵੇ। ਇਸ ਤਰ੍ਹਾਂ ਸਮੂਹ ਅਧਿਆਪਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਨੂੰ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਇਸ ਮਹਾਨ ਸ਼ਖਸ਼ੀਅਤ ਦੇ ਰੁਤਬੇ ਦਾ ਸਨਮਾਨ ਬਰਕਰਾਰ ਰੱਖਣ ਲਈ ਤਨਦੇਹੀ ਨਾਲ ਮਿਹਨਤ ਕਰਨ ਤਾਂ ਜੋ ਅਧਿਆਪਕ ਵਰਗ ਦਾ ਰੁਤਬਾ ਹੋਰ ਵੀ ਮਹਾਨ ਹੋ ਸਕੇ।

ਇਸ ਦਿਵਸ ਨੂੰ ਮਿਤੀ 05-09-15 ਨੂੰ ਸਾਰੇ ਸਕੂਲਾਂ ਵਿੱਚ ਮਨਾਉਣ ਤੋਂ ਇਲਾਵਾ ਇਸ ਦਿਵਸ ਨੂੰ ਮਹੱਤਤਾ ਦਿੰਦੇ ਹੋਏ ਚੰਗਾ ਹੋਵੇਗਾ ਇਸ ਸਪਤਾਹ ਦੌਰਾਨ ਸਮੂਹ ਮੰਡਲ/ਜਿਲ੍ਹਾ ਸਿੱਖਿਆ ਅਫਸਰ ਅਤੇ ਸਾਰੇ ਡਾਇਰੈਕਟੋਰੇਟਾਂ ਦੇ ਪੱਧਰ ਤੇ ਅਧਿਆਪਕਾਂ ਦੇ ਜਿੰਨੇ ਵੀ ਕੰਮ ਬਕਾਇਆ ਪਏ ਹਨ ਉਨ੍ਹਾਂ ਦਾ ਨਿਪਟਾਰਾ ਇੱਕ ਹਫਤੇ ਦੇ ਅੰਦਰ-ਅੰਦਰ ਕਰ ਦੇਣ ਦੇ ਉਪਰਾਲੇ ਕੀਤੇ ਜਾਣ। ਇਸ ਤਰ੍ਹਾਂ ਅੱਗੇ ਤੋਂ ਅਧਿਆਪਕਾਂ ਦੇ ਸਮੂਹ ਕੰਮਾਂ ਨੂੰ ਵਿਸ਼ੇਸ਼ ਤਵੱਜੋਂ ਦਿੱਤੀ ਜਾਇਆ ਕਰੇ ਤਾਂ ਜੋ ਅਧਿਆਪਕਾਂ ਨੂੰ ਆਪਣੇ ਪੈਂਡਿੰਗ ਕੰਮਾਂ ਬਾਰੇ ਦਫਤਰਾਂ ਅਤੇ ਕੋਰਟਾਂ ਵਿੱਚ ਨਾ ਜਾਣਾ ਪਵੇ ਅਤੇ ਇਸ ਤਰ੍ਹਾਂ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨਹੀਂ ਹੋਵੇਗਾ।

**ਮੈਂ ਆਪ ਸਭ ਨੂੰ ਅਧਿਆਪਕ ਦਿਵਸ ਦੀਆਂ ਸ਼ੁਭ ਕਾਮਨਾਵਾਂ ਅਤੇ ਵਧਾਈ ਦਿੰਦਾ ਹਾਂ।**

1/9/15

ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ) ਪੰਜਾਬ

ਪਿੱਠ ਅੰਕਣ ਨੰ: ਉਕਤ ਮਿਤੀ, ਐਸ.ਏ.ਐਸ ਨਗਰ

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

1. ਡਾਇਰੈਕਟਰ ਸਿੱਖਿਆ ਵਿਭਾਗ (ਐ:ਸਿ) ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ ਪੰਜਾਬ।
3. ਦਫਤਰ ਦੇ ਸਮੂਹ ਅਧਿਕਾਰੀ/ ਸ਼ਾਖਾ ਮੁੱਖੀ।

ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ) ਪੰਜਾਬ